ਗੋਂਡ ॥ ਧੰਨੁ ਗੁਪਾਲ ਧੰਨੁ ਗੁਰਦੇਵ ॥ ਧੰਨੁ ਅਨਾਦਿ ਭੂਖੇ ਕਵਲੁ ਟਹਕੇਵ ॥ ਧਨੁ ਓਇ ਸੰਤ ਜਿਨ ਐਸੀ ਜਾਨੀ ॥ ਤਿਨ ਕਉ ਮਿਲਿਬੋ ਸਾਰਿੰਗਪਾਨੀ ॥੧॥ ਆਦਿ ਪੁਰਖ ਤੇ ਹੋਇ ਅਨਾਦਿ ॥ ਜਪੀਐ ਨਾਮੁ ਅੰਨ ਕੈ ਸਾਦਿ ॥੧॥ ਰਹਾਉ ॥ ਜਪੀਐ ਨਾਮੁ ਜਪੀਐ ਅੰਨੁ ॥ ਅੰਭੈ ਕੈ ਸੰਗਿ ਨੀਕਾ ਵੰਨੁ ॥ ਅੰਨੈ ਬਾਹਰਿ ਜੋ ਨਰ ਹੋਵਹਿ ॥ ਤੀਨਿ ਭਵਨ ਮਹਿ ਅਪਨੀ ਖੋਵਹਿ ॥ ੨॥ ਛੋਡਹਿ ਅੰਨੁ ਕਰਹਿ ਪਾਖੰਡ ॥ ਨਾ ਸੋਹਾਗਨਿ ਨਾ ਓਹਿ ਰੰਡ ॥ ਜਗ ਮਹਿ ਬਕਤੇ ਦੂਧਾਧਾਰੀ ॥ ਗੁਪਤੀ ਖਾਵਹਿ ਵਟਿਕਾ ਸਾਰੀ ॥੩॥ ਅੰਨੈ ਬਿਨਾ ਨ ਹੋਇ ਸੁਕਾਲੁ ॥ ਤਜਿਐ ਅੰਨਿ ਨ ਮਿਲੈ ਗੁਪਾਲੁ ॥ ਕਹੁ ਕਬੀਰ ਹਮ ਐਸੇ ਜਾਨਿਆ ॥ ਧੰਨੁ ਅਨਾਦਿ ਠਾਕੁਰ ਮਨੁ ਮਾਨਿਆ ॥੪॥੮॥੧੧॥ {ਪੰਨਾ 873}

ਪਦਅਰਥ:- ਧੰਨੁ—{Skt. DNX—1. Bestowing wealth 2. wealthy, rich, 3. good, excellent, virtuous, 4. blessed, fortunate, lucky} ਭਾਗਾਂ ਵਾਲਾ, ਸੁਹਣਾ, ਗੁਣਵਾਨ। ਗੁਪਾਲ—ਧਰਤੀ ਦਾ ਪਾਲਣ ਵਾਲਾ ਪ੍ਰਭੂ। ਗੁਰਦੇਵ—ਸਤਿਗੁਰੂ। ਅਨਾਦਿ—ਅੰਨ ਆਦਿ, ਅਨਾਜ। ਕਵਲੁ—ਹਿਰਦਾ। ਟਹਕੇਵ—ਟਹਿਕ ਪੈਂਦਾ ਹੈ, ਖਿੜ ਪੈਂਦਾ ਹੈ। ਜਿਨ—ਜਿਨ੍ਹਾਂ ਨੇ। ਮਿਲਿਬੋ—ਮਿਲੇਗਾ। ਸਾਰਿੰਗ ਪਾਨੀ—ਧਨਖਧਾਰੀ ਪ੍ਰਭੂ।1।

ਆਦਿ ਪੁਰਖ—ਪਰਮਾਤਮਾ। ਅੰਨ ਕੈ ਸਦਿ—ਅੰਨ ਦੇ ਸੁਆਦ ਨਾਲ, ਅੰਨ ਖਾਧਿਆਂ।1। ਰਹਾਉ।

ਅੰਭ—ਪਾਣੀ। ਵੰਨੁ—ਰੰਗ। ਅਪਨੀ—ਆਪਣੀ (ਇੱਜ਼ਤ)।2।

ਰੰਡ—ਰੰਡੀਆਂ। ਬਕਤੇ—ਆਖਦੇ ਹਨ। ਦੂਧਾਧਾਰੀ—ਦੂਧ-ਆਧਾਰੀ, ਦੁੱਧ ਦੇ ਆਸਰੇ ਰਹਿਣ ਵਾਲੇ, ਨਿਰਾ ਦੁੱਧ ਪੀ ਕੇ ਜੀਵਨ-ਨਿਰਬਾਹ ਕਰਨ ਵਾਲੇ। ਗੁਪਤੀ—ਲੁਕ ਕੇ। ਵਟਿਕਾ—{Skt. vitkw—A kind of cake or bread made of rice and mash} ਚਉਲ ਤੇ ਮਾਂਹ ਦੀ ਬਣੀ ਹੋਈ ਪਿੰਨੀ ਜਾਂ ਰੋਟੀ।3।

ਤਜਿਐ ਅੰਨਿ—ਜੇ ਅੰਨ ਤਜਿਆ ਜਾਏ, ਅੰਨ ਛੱਡਿਆਂ।4।

ਅਰਥ:- (ਹੇ ਭਾਈ!) ਅੰਨ (ਜਿਸ ਨੂੰ ਤਿਆਗਣ ਵਿਚ ਤੁਸੀ ਭਗਤੀ ਸਮਝਦੇ ਹੋ) ਪਰਮਾਤਮਾ ਤੋਂ ਹੀ ਪੈਦਾ ਹੁੰਦਾ ਹੈ, ਤੇ ਪਰਮਾਤਮਾ ਦਾ ਨਾਮ ਭੀ ਅੰਨ ਖਾਧਿਆਂ ਹੀ ਜਪਿਆ ਜਾ ਸਕਦਾ ਹੈ।1। ਰਹਾਉ।

ਸੋ, ਧੰਨ ਹੈ ਧਰਤੀ ਦਾ ਪਾਲਣ ਵਾਲਾ ਪ੍ਰਭੂ (ਜੋ ਅੰਨ ਪੈਦਾ ਕਰਦਾ ਹੈ), ਧੰਨ ਹੈ ਸਤਿਗੁਰੂ (ਜੋ ਐਸੇ ਪ੍ਰਭੂ ਦੀ ਸੂਝ ਬਖ਼ਸ਼ਦਾ ਹੈ), ਤੇ ਧੰਨ ਹੈ ਅੰਨ ਜਿਸ ਨਾਲ ਭੁੱਖੇ ਮਨੁੱਖ ਦਾ ਹਿਰਦਾ (ਫੁੱਲ ਵਾਂਗ) ਟਹਿਕ ਪੈਂਦਾ ਹੈ। ਉਹ ਸੰਤ ਭੀ ਭਾਗਾਂ ਵਾਲੇ ਹਨ ਜਿਨ੍ਹਾਂ ਨੂੰ ਇਹ ਸਮਝ ਆਈ ਹੈ (ਕਿ ਅੰਨ ਨਿੰਦਣ-ਜੋਗ ਨਹੀਂ ਹੈ ਤੇ ਅੰਨ ਖਾ ਕੇ ਪ੍ਰਭੂ ਨੂੰ ਸਿਮਰਦੇ ਹਨ), ਉਹਨਾਂ ਨੂੰ ਪਰਮਾਤਮਾ ਮਿਲਦਾ ਹੈ।1।

(ਤਾਂ ਤੇ) ਪ੍ਰਭੂ ਦਾ ਨਾਮ ਸਿਮਰਨਾ ਚਾਹੀਦਾ ਹੈ ਤੇ ਅੰਨ ਨੂੰ ਭੀ ਪਿਆਰ ਕਰਨਾ ਚਾਹੀਦਾ ਹੈ (ਭਾਵ, ਅੰਨ ਤੋਂ ਤਰਕ ਕਰਨ ਦੇ ਥਾਂ ਅੰਨ ਨੂੰ ਇਉਂ ਸਹਿਜੇ ਸਹਿਜੇ ਪ੍ਰੀਤ ਨਾਲ ਛਕੋ ਜਿਵੇਂ ਅਡੋਲ ਹੋ ਕੇ ਪਿਆਰ ਨਾਲ ਨਾਮ ਸਿਮਰਨਾ ਹੈ)। (ਵੇਖੋ, ਜਿਸ ਪਾਣੀ ਨੂੰ ਰੋਜ਼ ਵਰਤਦੇ ਹੋ, ਉਸੇ) ਪਾਣੀ ਦੀ ਸੰਗਤ ਨਾਲ ਇਸ ਅੰਨ ਦਾ ਕੇਹਾ ਸੁਹਣਾ ਰੰਗ ਨਿਕਲਦਾ ਹੈ! (ਜੇ ਪਾਣੀ ਵਰਤਣ ਵਿਚ ਪਾਪ ਨਹੀਂ ਤਾਂ ਅੰਨ ਤੋਂ ਨਫ਼ਰਤ ਕਿਉਂ?)। ਜੋ ਮਨੁੱਖ ਅੰਨ ਤੋਂ ਤਰਕ ਕਰਦੇ ਹਨ ਉਹ ਸਭ ਥਾਂ ਆਪਣੀ ਇੱਜ਼ਤ ਗਵਾਉਂਦੇ ਹਨ (ਭਾਵ, ਅੰਨ ਦਾ ਤਿਆਗ ਕੋਈ ਐਸਾ ਕੰਮ ਨਹੀਂ ਜਿਸ ਨੂੰ ਦੁਨੀਆ ਪਸੰਦ ਕਰੇ)।2।

ਜੋ ਲੋਕ ਅੰਨ ਛੱਡ ਦੇਂਦੇ ਹਨ ਤੇ (ਇਹ) ਪਖੰਡ ਕਰਦੇ ਹਨ, ਉਹ (ਉਹਨਾਂ ਕੁਚੱਜੀਆਂ ਜ਼ਨਾਨੀਆਂ ਵਾਂਗ ਹਨ ਜੋ) ਨਾਹ ਸੋਹਾਗਣਾਂ ਹਨ ਨਾਹ ਰੰਡੀਆਂ। (ਅੰਨ ਛੱਡਣ ਵਾਲੇ ਸਾਧੂ,) ਲੋਕਾਂ ਵਿਚ ਆਖਦੇ ਫਿਰਦੇ ਹਨ, ਅਸੀਂ ਨਿਰਾ

ਦੁੱਧ ਪੀ ਕੇ ਹੀ ਨਿਰਬਾਹ ਕਰਦੇ ਹਾਂ, ਪਰ ਚੋਰੀ ਚੋਰੀ ਸਾਰੀ ਦੀ ਸਾਰੀ ਪਿੰਨੀ ਖਾਂਦੇ ਹਨ।3।

ਅੰਨ ਤੋਂ ਬਗ਼ੈਰ ਸੁਕਾਲ ਨਹੀਂ ਹੋ ਸਕਦਾ, ਅੰਨ ਛੱਡਿਆਂ ਰੱਬ ਨਹੀਂ ਮਿਲਦਾ। ਹੇ ਕਬੀਰ! (ਬੇਸ਼ੱਕ) ਆਖ—ਸਾਨੂੰ ਇਹ ਨਿਸ਼ਚਾ ਹੈ ਕਿ ਅੰਨ ਬੜਾ ਸੁੰਦਰ ਪਦਾਰਥ ਹੈ ਜਿਸ ਨੂੰ ਖਾਧਿਆਂ (ਸਿਮਰਨ ਕਰ ਕੇ) ਸਾਡਾ ਮਨ ਪਰਮਾਤਮਾ ਨਾਲ ਜੁੜਦਾ ਹੈ।4।8।11।